# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਨਗਰ ਨਿਗਮ ਦੇ ਵਿਕਾਸ ਕਾਰਜਾਂ ਦਾ ਜਾਇਜਾ ਲੈਣ ਸਬੰਧੀ ਮੇਅਰ ਸ਼ਿਵ ਸੂਦ ਦੀ ਪ੍ਰਧਾਨਗੀ ਹੇਠ ਵੱਖ-ਵੱਖ ਬ੍ਰਾਂਚਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਆਯੋਜਿਤ

## ਚੱਲ ਰਹੇ ਵਿਕਾਸ ਕਾਰਜ ਸਮੇਂ ਸਿਰ ਪੂਰਾ ਕਰਨ ਦੀ ਹਦਾਇਤ

## ਸ਼ਹਿਰ ਵਾਸੀਆਂ ਦੇ ਹਿੱਤ ਨੂੰ ਮੁੱਖ ਰੱਖਦੇ ਹੋਏ ਉਹਨਾਂ ਦੇ ਕੰਮ ਪਹਿਲ ਦੇ ਅਧਾਰ ਤੇ ਕੀਤੇ ਜਾਣ...ਮੇਅਰ

ਹੁਸ਼ਿਆਰਪੁਰ 24 ਜੂਨ- ਨਗਰ ਨਿਗਮ ਵੱਲੋਂ ਵੱਖ-ਵੱਖ ਵਾਰਡਾਂ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦਾ ਜਾਇਜਾ ਲੈਣ ਲਈ ਮੇਅਰ ਸ਼ਿਵ ਸੂਦ ਦੀ ਪ੍ਰਧਾਨਗੀ ਹੇਠ ਉਹਨਾਂ ਦੇ ਦਫ਼ਤਰ ਵਿਖੇ ਵੱਖ-ਵੱਖ ਬ੍ਰਾਂਚਾਂ ਦੇ ਅਧਿਕਾਰੀਆਂ ਦੀ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਕਮਿਸ਼ਨਰ ਨਗਰ ਨਿਗਮ ਜ਼ਸਬੀਰ ਸਿੰਘ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਡਿਪਟੀ ਮੇਅਰ ਸ਼ੁਕਲਾ ਸ਼ਰਮਾ ਵੀ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ।

ਮੀਟਿੰਗ ਦੌਰਾਨ ਮੇਅਰ ਸ਼ਿਵ ਸੂਦ ਨੇ ਨਗਰ ਨਿਗਮ ਦੀਆਂ ਵੱਖ-ਵੱਖ ਬ੍ਰਾਂਚਾਂ ਦੇ ਅਧਿਕਾਰੀਆਂ ਨਾਲ ਨਗਰ ਨਿਗਮ ਦੇ ਵੱਖ-ਵੱਖ ਵਾਰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ, ਉਹਨਾਂ ਦੀ ਪ੍ਰਗਤੀ ਅਤੇ ਸ਼ਹਿਰ ਨੂੰ ਸਾਫ-ਸੁਥਰਾ ਬਣਾਉਣ ਸਬੰਧੀ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕਰਨ ਉਪਰੰਤ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਨਗਰ ਨਿਗਮ ਵੱਲੋਂ ਬਣਾਈ ਜਾ ਰਹੀ ਗਊਸ਼ਾਲਾ (ਕੈਟਲ ਪਾਊਂਡ), ਘੰਟਾ ਘਰ ਦੇ ਨਜਦੀਕ ਬਣਾਈ ਜਾ ਰਹੀ ਪਾਰਕਿੰਗ ਦੇ ਕੰਮ ਨੂੰ ਨਿਰਧਾਰਤ ਸਮੇਂ ਵਿੱਚ ਪੂਰਾ ਕੀਤਾ ਜਾਵੇ, ਬਰਸਾਤ ਦੇ ਮੌਸਮ ਨੂੰ ਦੇਖਦੇ ਹੋਏ ਸ਼ਹਿਰ ਵਿੱਚੋਂ ਲੰਘ ਰਹੇ ਨਾਲਿਆਂ ਦੀ ਸਫਾਈ ਦਾ ਕੰਮ ਜਲਦੀ ਸ਼ੁਰੂ ਕਰਨ, ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਦੇਖਦੇ ਹੋਏ ਪੈਂਡਿੰਗ ਪਏ ਨਕਸ਼ਿਆਂ ਦਾ ਕੰਮ ਜਲਦੀ ਮੁਕੰਮਲ ਕਰਨ ਸਬੰਧੀ ਹਦਾਇਤ ਕੀਤੀ। ਉਹਨਾਂ ਕਿਹਾ ਕਿ ਸ਼ਹਿਰ ਨਿਵਾਸੀਆਂ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਉਹਨਾਂ ਦੇ ਕੰਮ ਪਹਿਲ ਦੇ ਅਧਾਰ ਤੇ ਕੀਤੇ ਜਾਣ।

ਨਗਰ ਨਿਗਮ ਦੇ ਡੀ.ਸੀ.ਐਫ.ਏ ਰਾਜ ਪਾਲ ਸਿੰਘ, ਨਿਗਮ ਇੰਜੀਨੀਅਰ ਨਰੇਸ਼ ਬੱਤਰਾ, ਸੀਨੀਅਰ ਟਾਊਨ ਪਲਾਨਰ ਹੇਮਤ ਬੱਤਰਾ, ਐਸ.ਡੀ.ਓ ਕੁਲਦੀਪ ਸਿੰਘ, ਹਰਪ੍ਰੀਤ ਸਿੰਘ, ਸੁਪਰਡੰਟ ਸੁਆਮੀ ਸਿੰਘ, ਅਮਿਤ ਕੁਮਾਰ, ਲੇਖਾਕਾਰ ਰਾਜਨ ਕੁਮਾਰ, ਜੇ.ਈ ਮਕੈਨੀਕਲ ਅਸ਼ਵਨੀ ਕੁਮਾਰ, ਜੇ.ਈ ਇਲੈਕਟ੍ਰੀਕਲ ਅਸ਼ਵਨੀ ਕੁਮਾਰ, ਜੇ.ਈ ਸਿਵਲ ਲਵਦੀਪ, ਪਵਨ ਕੁਮਾਰ, ਡਰਾਫਟਮੈਂਨ ਸੰਜੀਵ ਕੁਮਾਰ, ਸਮੀਰ ਬਾਲੀ, ਅੰਕਿਤ ਕੁਮਾਰ, ਇੰਸਪੈਕਟਰ ਕੁਲਵਿੰਦਰ ਸਿੰਘ, ਗੁਰਮੇਲ ਸਿੰਘ, ਜ਼ਸਵੀਰ ਸਿੰਘ, ਸੰਜੀਵ ਕੁਮਾਰ, ਨਛੱਤਰ ਲਾਲ, ਮੁਕਲ ਕੇਸਰ, ਰਾਹੁਲ ਕੁਮਾਰ, ਸੈਨੇਟਰੀ ਇੰਸਪੈਕਟਰ ਸੁਰਿੰਦਰ ਕੁਮਾਰ, ਜਨਕ ਰਾਜ, ਜਗਰੂਪ ਸਿੰਘ, ਸਹਾਇਕ ਫਾਇਰ ਅਫ਼ਸਰ ਅਵਤਾਰ ਸਿੰਘ, ਨਰਿੰਦਰ ਪਾਲ ਅਤੇ ਵੱਖ-ਵੱਖ ਬ੍ਰਾਂਚਾਂ ਦੇ ਸਬੰਧਤ ਅਧਿਕਾਰੀ ਵੀ ਇਸ ਮੌਕੇ ਤੇ ਹਾਜ਼ਰ ਸਨ।